ਪ੍ਰਭਾਤੀ ਮਹਲਾ ੧ ॥ ਤਾ ਕਾ ਕਹਿਆ ਦਰਿ ਪਰਵਾਣੁ ॥ ਬਿਖੁ ਅੰਮ੍ਰਿਤੁ ਦੁਇ ਸਮ ਕਰਿ ਜਾਣੁ ॥੧॥ ਕਿਆ ਕਹੀਐ ਸਰਬੇ ਰਹਿਆ ਸਮਾਇ ॥ ਜੋ ਕਿਛੁ ਵਰਤੈ ਸਭ ਤੇਰੀ ਰਜਾਇ ॥ ੧॥ ਰਹਾਉ ॥ ਪ੍ਰਗਟੀ ਜੋਤਿ ਚੂਕਾ ਅਭਿਮਾਨੁ ॥ ਸਤਿਗੁਰਿ ਦੀਆ ਅੰਮ੍ਰਿਤ ਨਾਮੁ ॥ ੨॥ ਕਲਿ ਮਹਿ ਆਇਆ ਸੋ ਜਨੁ ਜਾਣੁ ॥ ਸਾਚੀ ਦਰਗਹ ਪਾਵੈ ਮਾਣੁ ॥੩॥ ਕਹਣਾ ਸੁਨਣਾ ਅਕਥ ਘਰਿ ਜਾਇ ॥ ਕਥਨੀ ਬਦਨੀ ਨਾਨਕ ਜਲਿ ਜਾਇ ॥੪॥੫॥ {ਪੰਨਾ 1328}

ਪਦ ਅਰਥ:- ਤਾ ਕਾ—ਉਸ ਮਨੁੱਖ ਦਾ। ਕਹਿਆ—ਬੋਲਿਆ ਹੋਇਆ ਬਚਨ। ਦਰਿ—ਪ੍ਰਭੂ ਦੇ ਦਰ ਤੇ। ਪਰਵਾਣੁ—ਕਬੂਲ, ਠੀਕ ਮੰਨਿਆ ਜਾਂਦਾ ਹੈ। ਬਿਖੁ—ਜ਼ਹਿਰ (ਭਾਵ, ਦੁੱਖ)। ਅੰਮ੍ਰਿਤੁ—(ਭਾਵ, ਸੁਖ)। ਸਮ—ਬਰਾਬਰ। ਕਰਿ—ਕਰ ਕੇ। ਜਾਣੁ—ਜਾਣੂ, ਜੋ ਜਾਣਨ ਵਾਲਾ ਹੈ।1।

ਕਿਆ ਕਹੀਐ—ਕੁਝ ਆਖਿਆ ਨਹੀਂ ਜਾ ਸਕਦਾ। ਸਰਬੇ—ਸਭ ਜੀਵਾਂ ਵਿਚ। ਰਜਾਇ—ਹੁਕਮ ਅਨੁਸਾਰ।1। ਰਹਾਉ।

ਚੂਕਾ—ਦੂਰ ਹੋ ਗਿਆ। ਸਤਿਗੁਰਿ—ਸਤਿਗੁਰ ਨੇ।2।

ਕਲਿ ਮਹਿ—ਜਗਤ ਵਿਚ। ਜਾਣੁ—ਜਾਣੋ, ਸਮਝੋ। ਮਾਣੁ—ਇੱਜ਼ਤ।3।

ਅਕਥ ਘਰਿ—ਅਕੱਥ ਪ੍ਰਭੂ ਦੇ ਘਰ ਵਿਚ। ਬਦਨੀ—(vd`—ਬੋਲਣਾ) ਬੋਲਣਾ। ਜਲਿ ਜਾਇ—ਸੜ ਜਾਂਦਾ ਹੈ, ਵਿਅਰਥ ਜਾਂਦਾ ਹੈ।4।

ਅਰਥ:- ਹੇ ਪ੍ਰਭੂ! (ਜਗਤ ਵਿਚ) ਜੋ ਕੁਝ ਵਾਪਰ ਰਿਹਾ ਹੈ ਸਭ ਤੇਰੇ ਹੁਕਮ ਅਨੁਸਾਰ ਵਾਪਰ ਰਿਹਾ ਹੈ। (ਕਿਸੇ ਨੂੰ ਸੁਖ ਹੈ ਕਿਸੇ ਨੂੰ ਦੁੱਖ ਮਿਲ ਰਿਹਾ ਹੈ, ਪਰ ਇਸ ਦੇ ਉਲਟ) ਕੁਝ ਕਿਹਾ ਨਹੀਂ ਜਾ ਸਕਦਾ ਕਿਉਂਕਿ ਤੂੰ ਸਭ ਜੀਵਾਂ ਵਿਚ ਮੌਜੂਦ ਹੈਂ (ਜਿਨ੍ਹਾਂ ਨੂੰ ਸੁਖ ਜਾਂ ਦੁੱਖ ਮਿਲਦਾ ਹੈ ਉਹਨਾਂ ਵਿਚ ਭੀ ਤੂੰ ਆਪ ਹੀ ਵਿਆਪਕ ਹੈਂ, ਤੇ ਆਪ ਹੀ ਉਸ ਸੁਖ ਜਾਂ ਦੁੱਖ ਨੂੰ ਭੋਗ ਰਿਹਾ ਹੈਂ)।1। ਰਹਾਉ।

ਜੋ ਮਨੁੱਖ ਜ਼ਹਰ ਤੇ ਅੰਮ੍ਰਿਤ (ਦੁੱਖ ਤੇ ਸੁਖ) ਦੋਹਾਂ ਨੂੰ ਇਕੋ ਜਿਹਾ ਸਮਝਣ-ਜੋਗਾ ਹੋ ਜਾਂਦਾ ਹੈ (ਪਰਮਾਤਮਾ ਦੀ ਰਜ਼ਾ ਬਾਰੇ) ਉਸ ਮਨੁੱਖ ਦਾ ਬੋਲਿਆ ਹੋਇਆ ਬਚਨ ਪਰਮਾਤਮਾ ਦੇ ਦਰ ਤੇ ਠੀਕ ਮੰਨਿਆ ਜਾਂਦਾ ਹੈ (ਕਿਉਂਕਿ ਉਹ ਮਨੁੱਖ ਚੰਗੀ ਤਰ੍ਹਾਂ ਜਾਣਦਾ ਹੈ ਕਿ ਜਿਨ੍ਹਾਂ ਨੂੰ ਸੁਖ ਜਾਂ ਦੁੱਖ ਮਿਲਦਾ ਹੈ ਉਹਨਾਂ ਸਭਨਾਂ ਵਿਚ ਪਰਮਾਤਮਾ ਆਪ ਮੌਜੂਦ ਹੈ)।1।

ਜਿਸ ਮਨੁੱਖ ਨੂੰ ਸਤਿਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਪ੍ਰਭੂ ਦਾ ਨਾਮ ਦਿੱਤਾ ਹੈ, ਉਸ ਦੇ ਅੰਦਰ ਪਰਮਾਤਮਾ ਦੀ ਜੋਤਿ ਦਾ ਚਾਨਣ ਹੋ ਜਾਂਦਾ ਹੈ (ਉਸ ਚਾਨਣ ਦੀ ਬਰਕਤਿ ਨਾਲ ਉਸ ਨੂੰ ਆਪਣੇ ਵਿਤ ਦੀ ਸਮਝ ਆ ਜਾਂਦੀ ਹੈ, ਇਸ ਵਾਸਤੇ ਉਸ ਦੇ ਅੰਦਰੋਂ) ਅਹੰਕਾਰ ਦੂਰ ਹੋ ਜਾਂਦਾ ਹੈ।2।

(ਹੇ ਭਾਈ!) ਉਸੇ ਮਨੁੱਖ ਨੂੰ ਜਗਤ ਵਿਚ ਜਨਮਿਆ ਸਮਝੋ (ਭਾਵ, ਉਸੇ ਮਨੁੱਖ ਦਾ ਜਗਤ ਵਿਚ ਆਉਣਾ ਸਫਲ ਹੈ, ਜੋ ਸਰਬ-ਵਿਆਪਕ ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ, ਤੇ ਇਸ ਵਾਸਤੇ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਹਾਸਲ ਕਰਦਾ ਹੈ।3।

ਹੇ ਨਾਨਕ! ਉਹੀ ਬਚਨ ਬੋਲਣੇ ਤੇ ਸੁਣਨੇ ਸਫਲ ਹਨ ਜਿਨ੍ਹਾਂ ਦੀ ਰਾਹੀਂ ਮਨੁੱਖ ਬੇਅੰਤ ਗੁਣਾਂ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੁੜ ਸਕਦਾ ਹੈ। (ਪਰਮਾਤਮਾ ਦੀ ਰਜ਼ਾ ਤੋਂ ਪਰੇ ਲੈ ਜਾਣ ਵਾਲੀ, ਪਰਮਾਤਮਾ ਦੇ ਚਰਨਾਂ ਤੋਂ ਦੂਰ ਰੱਖਣ ਵਾਲੀ) ਹੋਰ ਹੋਰ ਕਹਣੀ ਕਥਨੀ ਵਿਅਰਥ ਜਾਂਦੀ ਹੈ।4।5।